# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 10-06-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਆਪਣੇ ਤੀਜੇ ਕਾਰਜਕਾਲ ਵਿੱਚ, ਖੇਤਰ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਕੰਮ ਕਰਨਾ ਜਾਰੀ ਰੱਖੇਗਾ । ਸ੍ਰੀ ਮੋਦੀ ਨੇ ਖੇਤਰ ਵਿੱਚ ਲੋਕਾਂ ਦਰਮਿਆਨ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ । ਉਨ੍ਹਾਂ ਇਹ ਗੱਲ ਬੀਤੀ ਰਾਤ ਰਾਸ਼ਟਰਪਤੀ ਭਵਨ ਵਿੱਚ ਸਹੁੰ ਚੁੱਕ ਸਮਾਗਮ ਤੋਂ ਬਾਅਦ, ਭਾਰਤ ਦੇ ਗੁਆਂਢੀ ਮੁਲਕਾਂ ਅਤੇ ਹਿੰਦ ਮਹਾਸਾਗਰ ਖੇਤਰ ਦੇ ਆਗੂਆਂ ਨਾਲ ਮੁਲਾਕਾਤ ਦੌਰਾਨ ਕਹੀ । ਪ੍ਰਧਾਨ ਮੰਤਰੀ ਨੇ ਇਨ੍ਹਾਂ ਆਗੂਆਂ ਦਾ ਧੰਨਵਾਦ ਕਰਦਿਆਂ, ਗੁਆਂਢੀ ਪਹਿਲਾਂ ਨੀਤੀ ਅਤੇ 'ਸਾਗਰ ਦ੍ਰਿਸ਼ਟੀਕੋਣ ' ਪ੍ਰਤੀ ਭਾਰਤ ਦੀ ਵਚਨਬੱਧਤਾ ਨੂੰ ਦੁਹਰਾਇਆ । ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਅੰਤਰ-ਰਾਸ਼ਟਰੀ ਖੇਤਰ ਵਿੱਚ 'ਗਲੋਬਲ ਸਾਊਥ' ਦੀ ਆਵਾਜ਼ ਬੁਲੰਦ ਕਰਦਾ ਰਹੇਗਾ। ਇਸ ਸਮਾਗ਼ਮ ਵਿੱਚ

ਮਾਲਦੀਵ ਦੇ ਰਾਸ਼ਟਰਪਤੀ ਮੁਹੰਮਦ ਮੁਇਜ਼ੂ, ਨੇਪਾਲ ਦੇ ਪ੍ਰਧਾਨ ਮੰਤਰੀ ਪੁਸ਼ਪਾ ਕਮਲ ਦਹਿਲ 'ਪ੍ਰਚੰਡ' ਅਤੇ ਸ੍ਰੀਲੰਕਾ ਦੇ ਰਾਸ਼ਟਰਪਤੀ ਰਾਨਿਲ ਵਿਕਰਮ-ਸਿੰਘੇ ਸਮੇਤ ਭਾਰਤ ਦੇ ਗੁਆਂਢੀ ਦੇਸ਼ਾਂ ਅਤੇ ਹਿੰਦ ਮਹਾਸਾਗਰ ਖੇਤਰ ਦੇ ਚੋਟੀ ਦੇ ਨੇਤਾਵਾਂ ਨੇ ਸ਼ਿਰਕਤ ਕੀਤੀ। ਇਸ ਦੌਰਾਨ, ਵਿਦੇਸ਼ ਮੰਤਰਾਲੇ ਨੇ ਕਿਹਾ ਏ ਕਿ ਸਹੁੰ ਚੁੱਕ ਸਮਾਗਮ ਵਿੱਚ ਨੇਤਾਵਾਂ ਦੀ ਸ਼ਮੂਲੀਅਤ, ਭਾਰਤ ਦੇ ਆਪਣੇ ਗੁਆਂਢੀਆਂ ਅਤੇ ਹਿੰਦ ਮਹਾਸਾਗਰ ਖੇਤਰ ਦੇ ਮੁਲਕਾਂ ਨਾਲ ਦੋਸਤੀ ਅਤੇ ਸਹਿਯੋਗ ਦੇ ਡੂੰਘੇ ਸਬੰਧਾਂ ਨੂੰ ਉਜਾਗਰ ਕਰਦੀ ਏ। ਮੰਤਰਾਲੇ ਨੇ ਕਿਹਾ ਕਿ ਵਿਸ਼ਵ ਨੇਤਾਵਾਂ ਨੇ, ਸ੍ਰੀ ਮੋਦੀ ਨੂੰ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਬਣਨ 'ਤੇ ਵਧਾਈ ਦਿੱਤੀ ਏ। ਇਨ੍ਹਾਂ ਆਗੂਆਂ ਨੇ ਕੱਲ੍ਹ ਰਾਸ਼ਟਰਪਤੀ ਭਵਨ ਵਿਖੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਰਾਤ ਦੇ ਖਾਣੇ ਵਿੱਚ ਵੀ ਸ਼ਿਰਕਤ ਕੀਤੀ ਸੀ। ਆਗੂਆਂ ਦਾ ਸਵਾਗਤ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਦੀ ਲੋਕਤੰਤਰੀ ਪ੍ਰਕਿਰਿਆ ਨਾ ਸਿਰਫ਼ ਦੇਸ਼ ਦੇ ਲੋਕਾਂ ਲਈ ਮਾਣ ਦਾ ਪਲ ਏ, ਸਗੋਂ ਦੁਨੀਆ ਭਰ ਦੇ ਕਰੋੜਾਂ ਲੋਕਾਂ ਲਈ ਪ੍ਰੇਰਨਾ ਸਰੋਤ ਵੀ ਏ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦਸਿਆ ਏ ਕਿ ਜਲੰਧਰ ਪੱਛਮੀ (ਰਾਖਵੀਂ ) ਸੀਟ ਦੀ ਜ਼ਿਮਨੀ ਚੋਣ ਲਈ, 10 ਜੁਲਾਈ ਨੂੰ ਵੋਟਾਂ ਪੈਣਗੀਆਂ। ਇਸ ਬਾਬਤ ਭਾਰਤੀ ਚੋਣ ਕਮਿਸ਼ਨ ਵੱਲੋਂ ਚੋਣ ਪ੍ਰੋਗਰਾਮ ਜਾਰੀ ਕਰ ਦਿੱਤਾ ਗਿਆ ਏ । ਸਿਬਿਨ ਸੀ ਨੇ ਦੱਸਿਆ ਕਿ 14 ਜੂਨ ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇਗਾ ਅਤੇ ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ 21 ਜੂਨ ਹੋਵੇਗੀ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 24 ਜੂਨ ਨੂੰ ਜਦਕਿ ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਆਖਰੀ ਤਾਰੀਖ 26 ਜੂਨ ਏ । ਉਨ੍ਹਾਂ ਦੱਸਿਆ ਕਿ 10 ਜੁਲਾਈ ਨੂੰ ਵੋਟਾਂ ਪੈਣਗੀਆਂ ਅਤੇ 13 ਜੁਲਾਈ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਨਤੀਜਾ ਐਲਾਨਿਆ ਜਾਵੇਗਾ। ਸਿਬਿਨ ਸੀ ਨੇ ਦੱਸਿਆ ਕਿ ਜ਼ਿਮਨੀ ਚੋਣ ਦੇ ਐਲਾਨ ਦੇ ਨਾਲ ਹੀ ਅੱਜ ਤੋਂ ਜਲੰਧਰ ਪੱਛਮੀ ਹਲਕੇ ਵਿੱਚ ਚੋਣ ਜ਼ਾਬਤਾ ਲਾਗੂ ਹੋ ਗਿਆ ਏ । ਇਹ ਜ਼ਾਬਤਾ 15 ਜੁਲਾਈ ਤੱਕ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਲਾਗੂ ਰਹੇਗਾ। ਜ਼ਿਕਰਯੋਗ ਏ ਕਿ

ਵਿਧਾਇਕ ਸ਼ੀਤਲ ਅੰਗੂਰਾਲ ਵੱਲੋਂ ਅਸਤੀਫ਼ਾ ਦੇਣ ਤੋਂ ਬਾਅਦ ਇਹ ਸੀਟ ਖਾਲੀ ਹੋਈ ਸੀ।

---------------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋ ਜਾਣਗੇ। ਇਨਾਂ ਵਿੱਚ ਔਰਤਾਂ ਤੇ ਬੱਚਿਆਂ ਪ੍ਰਤੀ ਜੁਰਮਾਂ 'ਤੇ ਖਾਸ ਨਜ਼ਰ ਰੱਖੀ ਗਈ ਏ।

ਜਿਣਸੀ ਜ਼ੁਰਮਾਂ ਨਾਲ ਨਜਿੱਠਣ ਲਈ, 'ਔਰਤਾਂ ਤੇ ਬੱਚਿਆਂ ਪ੍ਰਤੀ ਅਪਰਾਧ' ਨਾਂ ਦਾ ਇੱਕ ਨਵਾਂ ਅਧਿਆਇ ਸ਼ਾਮਿਲ ਕੀਤਾ ਗਿਆ ਏ। ਮੋਹਾਲੀ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ ਕਾਫੀ ਫਾਇਦੇਮੰਦ ਦੱਸਦੇ ਨੇ।

---------------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਮੰਤਰਾਲਾ, ਯੋਗ ਅਭਿਆਸ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕਰ ਰਿਹਾ ਏ। ਸੰਯੁਕਤ ਰਾਸ਼ਟਰ ਵਲੋਂ 2014 ਵਿੱਚ ਅਪਣਾਏ ਜਾਣ

ਤੋਂ ਬਾਅਦ ਹਰ ਸਾਲ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਵਿਸ਼ਵ ਭਰ ਵਿੱਚ ਪੂਰੇ ਜੋਸ਼ ਨਾਲ ਮਨਾਇਆ ਜਾਂਦਾ ਏ। ਲੋਕ ਸੇਵਾ ਪ੍ਰਸਾਰਕ ਪ੍ਰਸਾਰ ਭਾਰਤੀ ਦੂਰਦਰਸ਼ਨ ਅਤੇ ਆਕਾਸ਼ਵਾਣੀ ਨੈੱਟਵਰਕਾਂ ਰਾਹੀਂ, ਵੱਖ-ਵੱਖ ਪ੍ਰੋਗਰਾਮਾਂ ਦਾ ਪ੍ਰਸਾਰਣ ਕਰੇਗਾ। ਦੂਰਦਰਸ਼ਨ ਆਪਣੇ ਸਵੇਰ ਦੇ ਵਿਸ਼ੇਸ਼ ਲਾਈਵ ਸ਼ੋਅ ਦੇ ਪ੍ਰਸਾਰਣ ਦੇ ਨਾਲ, ਪ੍ਰੋਗਰਾਮਾਂ ਅਤੇ ਯੋਗ ਮਾਹਿਰਾਂ ਨਾਲ ਇੰਟਰਵਿਊ ਦਾ ਪ੍ਰਸਾਰਣ ਵੀ ਕਰੇਗਾ। ਕੌਮਾਂਤਰੀ ਯੋਗ ਦਿਵਸ 2023 ਵਿੱਚ 23 ਕਰੋੜ ਤੋਂ ਵੱਧ ਲੋਕਾਂ ਨੇ ਹਿੱਸਾ ਲਿਆ ਸੀ। ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਫਰੀਦਕੋਟ ਅਤੇ ਤਰਨਤਾਰਨ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਸਾਨੂ ਸਾਰਿਆਂ ਨੂੰ, ਨਿਰੋਗ ਰਹਿਣ ਲਈ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਏ।

---------------------------------------------------------------

ਨਿਊਯਾਰਕ ਵਿਖੇ ਕੱਲ੍ਹ ਟੀ-20 ਕ੍ਰਿਕਟ ਵਿਸ਼ਵ ਕੱਪ ਵਿੱਚ, ਭਾਰਤ ਨੇ ਪਾਕਿਸਤਾਨ ਨੂੰ ਇੱਕ ਰੋਮਾਂਚਕ ਮੈਚ ਵਿੱਚ 6 ਦੌੜਾਂ ਨਾਲ ਹਰਾਇਆ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਭਾਰਤੀ

ਟੀਮ 19 ਓਵਰਾਂ 'ਚ 119 ਦੌੜਾਂ 'ਤੇ ਆਲ ਆਊਟ ਹੋ ਗਈ । ਰਿਸ਼ਭ ਪੰਤ ਨੇ 42 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ । 120 ਦੌੜਾਂ ਦੇ ਟੀਚੇ ਦੇ ਜਵਾਬ 'ਚ ਪਾਕਿਸਤਾਨ ਦੀ ਟੀਮ 20 ਓਵਰਾਂ 'ਚ 113 ਦੌੜਾਂ ਹੀ ਬਣਾ ਸਕੀ । ਜਸਪ੍ਰੀਤ ਬੁਮਰਾਹ ਨੇ ਸਿਰਫ 14 ਦੌੜਾਂ ਦੇ ਕੇ ਤਿੰਨ ਵਿਕਟਾਂ ਲਈਆਂ। ਉਨ੍ਹਾਂ ਨੂੰ 'ਪਲੇਅਰ ਆਫ ਦਾ ਮੈਚ' ਚੁਣਿਆ ਗਿਆ । ਓਧਰ ਸਪੇਨ ਦੇ ਕਾਰਲੋਸ ਅਲਕਾਰਜ਼ ਨੇ ਆਪਣਾ ਪਹਿਲਾ ਫਰੈਂਚ ਓਪਨ ਖਿਤਾਬ ਜਿੱਤ ਲਿਆ ਏ । ਅਲਕਾਰਜ਼ ਨੇ ਬੀਤੀ ਰਾਤ ਪੈਰਿਸ ਵਿਖੇ ਪੁਰਸ਼ ਸਿੰਗਲਜ਼ ਦੇ ਫਾਈਨਲ ਵਿੱਚ, ਜਰਮਨੀ ਦੇ ਅਲੈਗ-ਜ਼ੈਂਡਰ ਜਵੇ-ਰੇਵ ਨੂੰ 6-3, 2-6, 5-7, 6-1, 6-2 ਨਾਲ ਹਰਾਇਆ ।